HealthLinkBC

Punjabi - Number 25c
September 2017

# ਹੈਪੇਟਾਈਟਸ ਬੀ ਇੰਨਫੈਂਟ ਵੈਕਸੀਨ
## Hepatitis B Infant Vaccine

**ਆਪਣੇ ਬੱਚੇ ਨੂੰ ਸੁਰੱਖਿਅਤ ਰੱਖੋ।**
**ਸਾਰੇ ਵੈਕਸੀਨ ਸਮੇਂ ਸਿਰ ਦਿਵਾਓ।**

ਸਮੇਂ ਸਿਰ ਸਾਰੀਆਂ ਵੈਕਸੀਨਾਂ ਲਗਵਾ ਕੇ ਤੁਹਾਡੇ ਬੱਚੇ ਦਾ ਜ਼ਿੰਦਗੀ-ਭਰ ਲਈ ਕਈ ਬਿਮਾਰੀਆਂ ਤੋਂ ਬਚਾਅ ਹੋ ਜਾਂਦਾ ਹੈ।

ਟੀਕਾਕਰਣ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਸਿਹਤ ਸੰਬੰਧੀ ਕਿਸੇ ਵੀ ਹੋਰ ਜਤਨ ਨਾਲੋਂ ਜਿਆਦਾ ਜਾਨਾਂ ਬਚਾਈਆਂ ਹਨ।

### ਹੈਪੇਟਾਈਟਸ ਬੀ ਵੈਕਸੀਨ ਕੀ ਹੈ?

ਹੈਪੇਟਾਈਟਸ ਬੀ ਵੈਕਸੀਨ ਹੈਪੇਟਾਈਟਸ ਬੀ ਵਾਇਰਸ ਦੇ ਵਿਰੁੱਧ ਰੱਖਿਆ ਕਰਦੀ ਹੈ। ਇਹ ਵੈਕਸੀਨ ਹੈਲਥ ਕੈਨੇਡਾ ਦੁਆਰਾ ਮਾਨਤਾ ਪ੍ਰਾਪਤ ਹੈ।

ਹੈਪੇਟਾਈਟਸ ਬੀ ਵੈਕਸੀਨ ਤੁਹਾਡੇ ਬੱਚੇ ਦੇ ਨੇਮਕ ਟੀਕਾਕਰਣ ਦੇ ਹਿੱਸੇ ਵਜੋਂ ਮੁਫਤ ਦਿੱਤੀ ਜਾਂਦੀ ਹੈ। ਅਪੌਇੰਟਮੈਂਟ ਬਣਾਉਣ ਲਈ ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਫੋਨ ਕਰੋ।

### ਹੈਪੇਟਾਈਟਸ ਬੀ ਵੈਕਸੀਨ ਕਿਸ ਨੂੰ ਦਿੱਤੀ ਜਾਣੀ ਚਾਹੀਦੀ ਹੈ?

ਵੈਕਸੀਨ ਬੱਚਿਆਂ ਨੂੰ 2, 4 ਅਤੇ 6 ਮਹੀਨਿਆਂ ਦੀ ਉਮਰ ਤੇ 3 ਖੁਰਾਕਾਂ ਦੀ ਲੜੀ ਦੀ ਤਰ੍ਹਾਂ ਦਿੱਤੀ ਜਾਂਦੀ ਹੈ। ਉਸ ਨੂੰ ਆਮਤੌਰ ਤੇ ਬਚਪਨ ਦੀਆਂ ਦੂਸਰੀਆਂ ਵੈਕਸੀਨਾਂ ਜਿਵੇਂ ਕਿ ਡਿਪਥੀਰੀਆ, ਟੈਟਨਸ, ਪਰਟੂਸਿਸ, ਪੋਲਿਓ ਅਤੇ *ਹੀਮੋਫਿਲਿਸ ਇੰਫਲੂਐਨਜ਼ਾਏ* ਟਾਇਪ ਬੀ ਦੇ ਨਾਲ ਮਿਲਾਇਆ ਜਾਂਦਾ ਹੈ। ਹੋਰ ਜਾਣਕਾਰੀ ਲਈ HealthLinkBC File #105 ਡਿਪਥੀਰੀਆ, ਟੈਟਨਸ, ਪਰਟੂਸਿਸ, ਹੈਪੇਟਾਈਟਸ ਬੀ, ਪੋਲਿਓ ਅਤੇ *ਹੀਮੋਫਿਲਿਸ ਇੰਫਲੂਐਨਜ਼ਾਏ* ਟਾਇਪ ਬੀ (ਡੀਟੈਪ-ਐਚਬੀ-ਆਈਪੀਵੀ-ਹਿਬ) ਵੈਕਸੀਨ ਦੇਖੋ।

| ਹੈਪੇਟਾਈਟਸ ਬੀ ਵੈਕਸੀਨ | ਟੀਕਾਕਰਣ ਸਮੇਂ ਬੱਚੇ ਦੀ ਉਮਰ |
|---|---|
| ਪਹਿਲੀ ਖੁਰਾਕ | 2 ਮਹੀਨੇ |
| ਦੂਸਰੀ ਖੁਰਾਕ | 4 ਮਹੀਨੇ |
| ਤੀਸਰੀ ਖੁਰਾਕ | 6 ਮਹੀਨੇ |

ਕੁਝ ਬੱਚਿਆਂ ਨੂੰ ਹੈਪੇਟਾਈਟਸ ਬੀ ਵਾਇਰਸ ਨਾਲ ਵਿਗਾੜਗ੍ਰਸਤ ਹੋਣ ਦਾ ਜਿਆਦਾ ਖਤਰਾ ਹੁੰਦਾ ਹੈ ਅਤੇ ਉਨ੍ਹਾਂ ਨੂੰ ਜਨਮ ਸਮੇਂ ਟੀਕੇ ਲਗਵਾਉਣ ਦੀ ਲੋੜ ਹੁੰਦੀ ਹੈ। ਹੋਰ ਜਾਣਕਾਰੀ ਲਈ HealthLinkBC File #25d ਜਨਮ ਸਮੇਂ ਤੁਹਾਡੇ ਬੱਚੇ ਦਾ ਹੈਪੇਟਾਈਟਸ ਬੀ ਤੋਂ ਬਚਾਅ ਦੇਖੋ।

ਬੀਮਾਰੀਆਂ ਤੋਂ ਬਚਾਉਣ ਲਈ ਲਗਾਏ ਗਏ ਸਾਰੇ ਟੀਕਿਆਂ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ।

### ਹੈਪੇਟਾਈਟਸ ਬੀ ਵੈਕਸੀਨ ਦੇ ਕੀ ਲਾਭ ਹਨ?

ਹੈਪੇਟਾਈਟਸ ਬੀ ਵੈਕਸੀਨ ਤੁਹਾਡੇ ਬੱਚੇ ਦੀ, ਹੈਪੇਟਾਈਟਸ ਬੀ ਅਤੇ ਉਸ ਦੀਆਂ ਜਟਿਲਤਾਵਾਂ ਜਿਵੇਂ ਕਿ ਜਿਗਰ ਨੂੰ ਸਥਾਈ ਨੁਕਸਾਨ, ਜੋ ਕਿ ਜਿਗਰ ਦੇ ਕੈਂਸਰ ਅਤੇ ਮੌਤ ਦਾ ਕਾਰਨ ਬਣ ਸਕਦਾ ਹੈ,ਦੇ ਵਿਰੁੱਧ ਰੱਖਿਆ ਕਰਨ ਦਾ ਸਭ ਤੋਂ ਵਧੀਆ ਤਰੀਕਾ ਹੈ।

ਜਦੋਂ ਤੁਸੀ ਆਪਣੇ ਬੱਚੇ ਨੂੰ ਟੀਕੇ ਲਗਵਾਉਂਦੇ ਹੋ, ਤਾਂ ਤੁਸੀਂ ਦੂਜਿਆਂ ਦੀ ਰੱਖਿਆ ਕਰਨ ਵਿੱਚ ਵੀ ਮਦਦ ਕਰਦੇ ਹੋ।

### ਵੈਕਸੀਨ ਦੇ ਬਾਦ ਦੀਆਂ ਸੰਭਾਵੀ ਪ੍ਰਤੀਕ੍ਰਿਆਵਾਂ ਕੀ ਹਨ?

ਵੈਕਸੀਨਾਂ ਬਹੁਤ ਸੁਰੱਖਿਅਤ ਹੁੰਦੀਆਂ ਹਨ। ਵੈਕਸੀਨ ਲਗਵਾਉਣਾ ਤੁਹਾਡੇ ਬੱਚੇ ਲਈ ਹੈਪੇਟਾਈਟਸ ਬੀ ਦਾ ਸ਼ਿਕਾਰ ਹੋਣ ਤੋਂ ਜਿਆਦਾ ਸੁਰੱਖਿਅਤ ਹੈ।

ਵੈਕਸੀਨ ਦੀਆਂ ਆਮ ਪ੍ਰਤੀਕ੍ਰਿਆਵਾਂ ਵਿੱਚ ਵੈਕਸੀਨ ਦਿੱਤੇ ਜਾਣ ਵਾਲੀ ਥਾਂ ਤੇ ਜਲਨ, ਸੋਜ ਜਾਂ ਲਾਲੀ ਸ਼ਾਮਲ ਹੋ ਸਕਦੇ ਹਨ। ਕੁਝ ਬੱਚੇ ਬੁਖਾਰ, ਬੇਚੈਨੀ ਜਾਂ ਥਕਾਵਟ ਦਾ ਅਨੁਭਵ ਵੀ ਕਰ ਸਕਦੇ ਹਨ।

ਅਸੀਟਾਮੇਨੋਫੇਨ (Acetaminophen) (ਉਦਾਹਰਣ ਲਈ ਟਾਇਲੇਨੋਲ (Tylenol®)) ਜਾਂ ਆਈਬਿਊਪ੍ਰੋਫੇਨ (ibuprofen*) (ਉਦਹਾਰਣ ਲਈ ਐਡਵਿਲ (Advil®)) ਬੁਖਾਰ ਜਾਂ ਜਲਨ ਲਈ ਦਿੱਤੀ ਜਾ ਸਕਦੀ ਹੈ। ਏਐਸਏ (ASA) (ਉਦਹਾਰਣ ਲਈ ਐਸਪਰੀਨ (Aspirin®)) ਰੇ ਸਿੰਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ।

* 6 ਮਹੀਨਿਆਂ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਪਹਿਲਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਦੇ ਨਾਲ ਗੱਲ ਕੀਤੇ ਬਿਨਾਂ ਆਈਬਿਊਪ੍ਰੋਫੇਨ ਨਹੀਂ ਦਿੱਤੀ ਜਾਣੀ ਚਾਹੀਦੀ।

ਰਾਈ ਸਿੰਡਰੋਮ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਹੈਲਥਲਿੰਕ ਬੀ.ਸੀ. ਫ਼ਾਈਲ HealthLinkBC File #84 ਰੇਏ ਸਿੰਨਡਰੋਮ ਦੇਖੋ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਜਰੂਰੀ ਹੈ ਕਿਉਂਕਿ ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ, ਇੱਕ ਮਿਲਿਅਨ ਵਿੱਚੋਂ 1 ਤੋਂ ਵੀ ਘੱਟ, ਸੰਭਾਵਨਾ ਹੋ ਸਕਦੀ ਹੈ। ਇਸ ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁਲਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ।ਜੇ ਅਜਿਹੀ ਪ੍ਰਤੀਕਿਰਿਆ ਹੁੰਦੀ ਹੈ ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਇਸ ਦਾ ਇਲਾਜ ਕਰਨ ਲਈ ਤਿਆਰ ਹੈ।ਐਮਰਜੈਂਸੀ ਇਲਾਜ ਵਿੱਚ ਸ਼ਾਮਲ ਹੈ ਐਪੀਨੈਫਰਿੰਨ (ਐਡਰੇਨੇਲਿੰਨ) ਦੇਣਾ ਅਤੇ ਐਂਬੁਲੈਂਸ ਰਾਹੀਂ ਸਭ ਤੋਂ ਨਜ਼ਦੀਕੀ ਐਮਰਜੈਂਸੀ ਵਿਭਾਗ ਤੱਕ ਟਰਾਂਸਫਰ।ਜੇ ਅਜਿਹੇ ਲੱਛਣ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਦ ਵਿਕਸਤ ਹੁੰਦੇ ਹਨ, ਤਾਂ **9-1-1** ਜਾਂ ਸਥਾਨਕ ਐਮਰਜੈਂਸੀ ਨੰਬਰ ਉੱਤੇ ਫੋਨ ਕਰੋ।

ਸਾਰੀਆਂ ਗੰਭੀਰ ਜਾਂ ਅਣਿਆਈ ਪ੍ਰਤੀਕ੍ਰਿਆਵਾਂ ਬਾਰੇ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨੂੰ ਹਮੇਸ਼ਾ ਦਸਣਾ ਮਹੱਤਵਪੂਰਨ ਹੈ।

## ਹੈਪੇਟਾਈਟਸ ਬੀ ਵੈਕਸੀਨ ਕਿਸ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ?

ਜੇ ਤੁਹਾਡੇ ਬੱਚੇ ਨੂੰ ਪਹਿਲਾਂ ਲਈ ਗਈ ਹੈਪੇਟਾਈਟਸ ਬੀ ਵੈਕਸੀਨ ਦੀ ਖ਼ੁਰਾਕ, ਜਾਂ ਯੀਸਟ ਜਾਂ ਲੇਟੈਕਸ ਸਮੇਤ ਵੈਕਸੀਨ ਦੇ ਕਿਸੇ ਵੀ ਅੰਸ਼ ਪ੍ਰਤੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਹੋਈ ਹੈ ਤਾਂ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨਾਲ ਗੱਲ ਕਰੋ।

ਜ਼ੁਕਾਮ ਜਾਂ ਕਿਸੇ ਹੋਰ ਹਲਕੀ ਬੀਮਾਰੀ ਕਰਕੇ ਟੀਕੇ ਲਗਵਾਉਣ ਨੂੰ ਟਾਲਣ ਦੀ ਲੋੜ ਨਹੀਂ ਹੈ। ਪਰ, ਜੇ ਤੁਹਾਡੀਆਂ ਕੁਝ ਚਿੰਤਾਵਾਂ ਹਨ ਤਾਂ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨਾਲ ਗੱਲ ਕਰੋ।

## ਹੈਪੇਟਾਈਟਸ ਬੀ ਕੀ ਹੈ?

ਹੈਪੇਟਾਈਟਸ ਬੀ ਇਕ ਅਜਿਹਾ ਵਾਇਰਸ ਹੈ ਜੋ ਜਿਗਰ ਤੇ ਹਮਲਾ ਕਰਦਾ ਹੈ। ਇਹ ਜਿਗਰ ਨੂੰ ਸਥਾਈ ਨੁਕਸਾਨ (ਸਿਰੋਸਿਸ) ਸਮੇਤ ਸਿਹਤ ਸੰਬੰਧੀ ਗੰਭੀਰ ਸਮੱਸਿਆਵਾਂ ਦਾ ਕਾਰਨ ਬਣ ਸਕਦਾ ਹੈ।ਹੈਪੇਟਾਈਟਸ ਬੀ ਜਿਗਰ ਦੇ ਕੈਂਸਰ, ਜੋ ਕਿ ਜਾਨਲੇਵਾ ਹੋ ਸਕਦਾ ਹੈ, ਦੇ ਮੁੱਖ ਕਾਰਨਾਂ ਵਿੱਚੋਂ ਵੀ ਇੱਕ ਹੈ।ਹੈਪੇਟਾਈਟਸ ਬੀ ਵਾਇਰਸ ਖ਼ੂਨ ਜਾਂ ਸਰੀਰਕ ਦ੍ਰਵਾਂ ਦੇ ਨਾਲ ਸੰਪਰਕ ਵਿੱਚ ਆਉਣ ਕਰਕੇ ਇਸ ਨਾਲ ਗ੍ਰਸਤ ਇੱਕ ਵਿਅਕਤੀ ਤੋਂ ਦੂਜੇ ਵਿਅਕਤੀ ਤੱਕ ਫੈਲਦਾ ਹੈ।ਇਹ ਵਾਇਰਸ ਉਨ੍ਹਾਂ ਵਸਤੂਆਂ ਦੀ ਵਰਤੋਂ ਰਾਹੀਂ ਵੀ ਫੈਲ ਸਕਦਾ ਹੈ ਜਿੰਨਾਂ ਉੱਤੇ ਖ਼ੂਨ ਲਗਾ ਹੋਇਆ ਹੈ, ਜਿਵੇਂ ਕਿ ਦੰਦਾਂ ਦਾ ਬਰੱਸ਼, ਰੇਜ਼ਰ ਜਾਂ ਟੀਕੇ ਦੁਆਰਾ ਲਏ ਜਾਣ ਵਾਲੇ ਨਸ਼ਿਆਂ ਲਈ ਵਰਤੀਆਂ ਗਈਆਂ ਸੂਈਆਂ, ਅਤੇ ਵਾਇਰਸ ਨਾਲ ਵਿਗਾੜਗ੍ਰਸਤ ਕਿਸੇ ਵਿਅਕਤੀ ਨਾਲ ਸੁਰੱਖਿਆ ਤੋਂ ਬਿਨਾਂ ਕੀਤੇ ਸੰਭੋਗ ਨਾਲ ਫੈਲ ਸਕਦਾ ਹੈ।

ਉਹ ਮਾਵਾਂ ਜੋ ਹੈਪੇਟਾਈਟਸ ਬੀ ਵਾਇਰਸ ਦੇ ਨਾਲ ਗ੍ਰਸਤ ਹਨ ਜਨਮ ਦੇਣ ਦੇ ਦੌਰਾਨ ਇਹ ਵਾਇਰਸ ਆਪਣੇ ਨਵੇਂ ਜਨਮੇ ਬੱਚਿਆਂ ਨੂੰ ਦੇ ਸਕਦੀਆਂ ਹਨ।ਜਦੋਂ ਬੱਚੇ ਹੈਪੇਟਾਈਟਸ ਬੀ ਵਾਇਰਸ ਦੇ ਨਾਲ ਵਿਗਾੜਗ੍ਰਸਤ ਹੁੰਦੇ ਹਨ, ਤਾਂ ਅਕਸਰ ਉਨ੍ਹਾਂ ਨੂੰ ਕੋਈ ਲੱਛਣ ਨਹੀਂ ਹੋਣਗੇ ਪਰ ਜਿਆਦਾਤਰ ਜੀਵਨਭਰ ਵਿਗਾੜਗ੍ਰਸਤ ਰਹਿਣਗੇ।ਇਸ ਕਰਕੇ ਆਪਣੇ ਬੱਚੇ ਨੂੰ ਛੋਟੀ ਉਮਰ ਵਿੱਚ ਟੀਕੇ ਲਗਵਾ ਕੇ ਉਨ੍ਹਾਂ ਦੀ ਰੱਖਿਆ ਕਰਨਾ ਮਹੱਤਵਪੂਰਨ ਹੈ।

BC Centre for Disease Control
An agency of the Provincial Health Services Authority